# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ
## (ਰਜਿਸਟਰਾਰ ਦਫਤਰ)

ਆਈ.ਕੇ.ਜੀ.ਪੀ.ਟੀ.ਯੂ./ਰਜਿ./146 ਮਿਤੀ: 11 /12/2020

## ਸਰਕੂਲਰ

ਵਿਸ਼ਾ: **ਇਸ਼ਤਿਹਾਰ ਇਲੈਕਟ੍ਰਾਨਿਕ ਮੀਡੀਆ ਪ੍ਰਿੰਟ ਮੀਡੀਆ ਵਿੱਚ ਪ੍ਰਕਾਸ਼ਿਤ/ਪ੍ਰਸਾਰਿਤ ਕਰਵਾਉਣ ਲਈ 10 ਦਿਨ ਪਹਿਲਾਂ ਇਸ਼ਤਿਹਾਰ ਦੀ ਫਾਈਲ ਲੋਕ ਸੰਪਰਕ ਦਫਤਰ ਵਿਖੇ ਭੇਜਣ ਸਬੰਧੀ।**

ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ, ਚੰਡੀਗੜ੍ਹ ਦੇ ਪੱਤਰ ਨੰਬਰ 1/77960/2020 ਮਿਤੀ 16/09/2020 ਦੇ ਹਵਾਲੇ ਅਤੇ ਯੂਨੀਵਰਸਿਟੀ ਦੇ ਸਰਕੂਲਰ ਨੰਬਰ ਆਈ.ਕੇ.ਜੀ.ਪੀ.ਟੀ.ਯੂ./ਰਜਿ/440 ਮਿਤੀ 01/09/2017 ਦੀ ਲਗਾਤਾਰਤਾ ਵਿੱਚ ਯੂਨੀਵਰਸਿਟੀ ਦੇ ਸਮੂਹ ਵਿਭਾਗਾਂ (ਟੀਚਿੰਗ ਅਤੇ ਨਾਨ ਟੀਚਿੰਗ) ਅਤੇ ਕੰਸਟੀਚਿਊਟ ਕੈਂਪਸਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਯੂਨੀਵਰਸਿਟੀ ਦੇ ਪ੍ਰਕਾਸ਼ਿਤ/ ਪ੍ਰਸਾਰਿਤ ਕੀਤੇ ਜਾਂਦੇ ਇਸ਼ਤਿਹਾਰ (ਪ੍ਰਿੰਟ ਅਤੇ ਇਲੈਕਟ੍ਰਾਨਿਕ ਮੀਡੀਆ) ਨੂੰ ਪੰਜਾਬ ਸਰਕਾਰ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਰਾਹੀਂ ਜਾਰੀ ਕੀਤੇ ਜਾਂਦੇ ਹਨ। ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਯੂਨੀਵਰਸਿਟੀ ਦੇ ਲੋਕ ਸੰਪਰਕ ਦਫਤਰ ਵੱਲੋਂ ਇਸ਼ਤਿਹਾਰ ਡਾਇਰੈਕਟਰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਘੱਟੋ-ਘੱਟ 4 ਦਿਨ ਪਹਿਲਾਂ ਜਾਰੀ ਕਰਨੇ ਹੁੰਦੇ ਹਨ। ਇਸ ਤੋਂ ਪਹਿਲਾਂ ਪ੍ਰਕਾਸ਼ਿਤ ਕੀਤੇ ਜਾਣ ਵਾਲੇ ਇਸ਼ਤਿਹਾਰ ਦੇ ਅਨੁਮਾਨਿਤ ਖਰਚ ਦੀ ਵਿੱਤੀ ਮੰਜ਼ੂਰੀ ਸਮਰੱਥ ਅਧਿਕਾਰੀ ਪਾਸੋਂ ਲੈਣ ਦੌਰਾਨ 3 ਤੋਂ 5 ਦਿਨ ਦਾ ਸਮਾਂ ਲੱਗ ਜਾਂਦਾ ਹੈ।

ਉਪਰੋਕਤ ਪ੍ਰਕ੍ਰਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਸਮੂਹ ਵਿਭਾਗਾਂ ਨੂੰ ਬੇਨਤੀ ਹੈ ਕਿ ਉਹ ਆਪਣੇ ਇਸ਼ਤਿਹਾਰ ਪ੍ਰਕਾਸ਼ਿਤ/ਪ੍ਰਸਾਰਿਤ ਕਰਵਾਉਣ ਲਈ ਯੂਨੀਵਰਸਿਟੀ ਦੇ ਲੋਕ ਸੰਪਰਕ ਦਫਤਰ ਨੂੰ ਨਿਸ਼ਚਿਤ ਮਿਤੀ ਤੋਂ ਘੱਟੋ-ਘੱਟ 10 ਦਿਨ ਪਹਿਲਾਂ ਜਾਰੀ ਕਰਨ।

**(ਸੰਦੀਪ ਕੁਮਾਰ ਕਾਜਲ)**
**ਰਜਿਸਟਰਾਰ**

**ਪਿੱਠ ਅੰ:ਨੰ: ਆਈ.ਕੇ.ਜੀ.ਪੀ.ਟੀ.ਯੂ./ਰਜਿ/147-152** **ਮਿਤੀ: 11 /12/2020**

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਇੰਚਾਰਜ ਸਕੱਤਰੇਤ, ਉਪ ਕੁਲਪਤੀ ਦਫਤਰ: ਉਪ ਕੁਲਪਤੀ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਵਿਭਾਗ ਮੁੱਖੀ/ਇੰਚਾਰਜ (ਨਾਨ ਟੀਚਿੰਗ)
3. ਡਾਇਰੈਕਟਰ (ਮੇਨ ਕੈਂਪਸ ਅਤੇ ਕੰਸਟੀਚਿਊਟ ਕੈਂਪਸ): ਆਪ ਦੇ ਅਧੀਨ ਆਉਂਦੇ ਸਮੂਹ ਡਿਪਟੀ ਡੀਨ (ਫੈਕਲਟੀ), ਵਿਭਾਗ ਮੁੱਖੀ (ਟੀਚਿੰਗ)/ਇੰਚਾਰਜ ਕੰਸਟੀਚਿਊਟ ਕੈਂਪਸਾਂ ਨੂੰ ਜਾਣੂ ਕਰਾਉਣ ਹਿੱਤ।
4. ਸਹਾਇਕ ਰਜਿਸਟਰਾਰ/ਡੀ.ਬੀ.ਏ.(ਮਾਨਵ ਸ੍ਰੋਤ ਪ੍ਰਬੰਧਨ)
5. ਲੋਕ ਸੰਪਰਕ ਅਧਿਕਾਰੀ
6. ਇੰਚਾਰਜ (ਆਈ.ਟੀ.ਐਸ.): ਵੈਬਸਾਈਟ ਤੇ ਅਪਲੋਡ ਕਰਨ ਹਿੱਤ।

**(ਸੰਦੀਪ ਕੁਮਾਰ ਕਾਜਲ)**
**ਰਜਿਸਟਰਾਰ**